# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 25-10-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਵੀਂ ਦਿੱਲੀ ਵਿੱਚ, 18ਵੀਂ ਏਸ਼ੀਆ ਪੈਸੀਫਿਕ ਕਾਨਫਰੰਸ ਨੂੰ ਸੰਬੋਧਨ ਕੀਤਾ - ਭਾਰਤ ਅਤੇ ਜਰਮਨੀ ਵਿਚਕਾਰ, ਬਹੁਤ ਸਾਰੇ ਸਮਝੌਤਿਆਂ 'ਤੇ ਹੋਏ ਦਸਤਖਤ।
- ਚੋਣ ਕਮਿਸ਼ਨ ਦੇ ਹੁਕਮਾਂ ਤਹਿਤ ਆਮਦਨ ਕਰ ਵਿਭਾਗ ਦੇ ਜਾਂਚ ਡਾਇਰੈਕਟੋਰੇਟ ਨੇ ਪੰਜਾਬ ਦੇ ਡੇਰਾ ਬਾਬਾ ਨਾਨਕ, ਚੱਬੇਵਾਲ, ਗਿੱਦੜਬਾਹਾ ਅਤੇ ਬਰਨਾਲਾ ਵਿਧਾਨ ਸਭ ਹਲਕਿਆਂ ਦੀਆਂ ਜ਼ਿਮਨੀ ਚੋਣਾਂ ਵਿੱਚ ਕਾਲੇ ਧਨ ਦੀ ਵਰਤੋਂ ਨੂੰ ਰੋਕਣ ਲਈ ਪੁਖ਼ਤਾ ਪ੍ਰਬੰਧ ਕੀਤੇ ।
- ਜਸਟਿਸ ਸੰਜੀਵ ਖੰਨਾ ਨੂੰ, ਭਾਰਤ ਦਾ ਅਗਲਾ ਚੀਫ਼ ਜਸਟਿਸ ਨਿਯੁਕਤ ਕੀਤਾ ਗਿਆ ।

- ਪੰਜਾਬ ਵਿਜੀਲੈਂਸ ਬਿਊਰੋ ਨੇ ਅੰਮ੍ਰਿਤਸਰ ਜ਼ਿਲ੍ਹੇ 'ਚ ਹੋਏ ਬਹੁ-ਕਰੋੜੀ ਝੋਨਾ ਘੁਟਾਲੇ ਵਿੱਚ ਭਗੌੜੇ ਗੁਲਸ਼ਨ ਜੈਨ ਨੂੰ ਕੀਤਾ ਗ੍ਰਿਫ਼ਤਾਰ।

------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਪ੍ਰਤਿਭਾ, ਤਕਨਾਲੋਜੀ, ਕਾਢਾਂ ਅਤੇ ਬੁਨਿਆਦੀ ਢਾਂਚਾ ਭਾਰਤ ਦੇ ਵਿਕਾਸ ਦੇ ਸਾਧਨ ਨੇ। ਉਨ੍ਹਾਂ ਕਿਹਾ, ਅੱਜ ਦਾ ਭਾਰਤ, ਚਾਰ ਮਜ਼ਬੂਤ ਥੰਮ੍ਹਾਂ, ਲੋਕਤੰਤਰ ਜਨਸੰਖਿਆ, ਮੰਗ ਅਤੇ ਅੰਕੜਿਆਂ 'ਤੇ ਖੜ੍ਹਾ ਏ। ਪ੍ਰਧਾਨ ਮੰਤਰੀ ਮੋਦੀ ਨਵੀਂ ਦਿੱਲੀ ਵਿੱਚ ਜਰਮਨ ਬਿਜ਼ਨੇਸ ਦੀ 18ਵੀਂ ਏਸ਼ੀਆ ਪੈਸੀਫਿਕ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ। ਸ੍ਰੀ ਮੋਦੀ ਨੇ ਕਿਹਾ, ਭਾਰਤ-ਜਰਮਨੀ ਸਬੰਧ ਹਰ ਪੱਧਰ 'ਤੇ ਮਜ਼ਬੂਤ ਹੋ ਰਹੇ ਨੇ। ਉਨ੍ਹਾਂ ਕਿਹਾ ਕਿ ਇਹ ਭਾਰਤ-ਜਰਮਨੀ ਰਣਨੀਤਕ ਭਾਈਵਾਲੀ ਦਾ 25ਵਾਂ ਸਾਲ ਏ ਅਤੇ ਆਉਣ ਵਾਲੇ 25 ਸਾਲ ਇਸ ਸਬੰਧ ਨੂੰ ਨਵੀਆਂ ਉਚਾਈਆਂ ਪ੍ਰਦਾਨ ਕਰਨਗੇ। BYTE:ਪ੍ਰਧਾਨ ਮੰਤਰੀ ਨੇ ਇਹ ਵੀ ਦੱਸਿਆ ਕਿ ਜਰਮਨੀ ਨੇ ਹੁਨਰਮੰਦ ਭਾਰਤੀ ਪੇਸ਼ੇਵਰਾਂ ਲਈ, ਸਾਲਾਨਾ ਵੀਜ਼ਾ ਕੋਟਾ 20 ਹਜ਼ਾਰ ਤੋਂ ਵਧਾ ਕੇ 90 ਹਜ਼ਾਰ ਕਰਨ ਦਾ ਫੈਸਲਾ ਕੀਤਾ ਏ। ਉਨ੍ਹਾਂ ਕਿਹਾ, ਇਸ ਫੈਸਲੇ ਦਾ ਉਦੇਸ਼ ਜਰਮਨੀ ਦੀ ਹੁਨਰਮੰਦ ਕਾਮਿਆਂ ਦੀ ਮੰਗ ਨੂੰ ਪੂਰਾ ਕਰਨਾ ਅਤੇ

ਭਾਰਤ ਨਾਲ ਆਰਥਿਕ ਸਹਿਯੋਗ ਨੂੰ ਮਜ਼ਬੂਤ ਕਰਨਾ ਏ । ਇਸ ਦੌਰਾਨ ਭਾਰਤ ਅਤੇ ਜਰਮਨੀ ਨੇ, ਅੱਜ ਦੁਵੱਲੇ ਸਬੰਧਾਂ ਨੂੰ ਉਤਸ਼ਾਹਿਤ ਕਰਨ ਲਈ ਗ੍ਰੀਨ ਹਾਈਡ੍ਰੋਜਨ ਤੋਂ ਨਵੀਨਤਾ ਅਤੇ ਤਕਨਾਲੋਜੀ ਤੱਕ ਦੇ ਕਈ ਸਮਝੌਤਿਆਂ 'ਤੇ ਦਸਤਖਤ ਕੀਤੇ । ਵਫ਼ਦ ਪੱਧਰੀ ਗੱਲਬਾਤ ਤੋਂ ਬਾਅਦ ਨਵੀਂ ਦਿੱਲੀ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਜਰਮਨੀ ਦੇ ਚਾਂਸਲਰ ਓਲਾਫ਼ ਸ਼ੋਲਜ਼ ਦੀ ਮੌਜੂਦਗੀ ਵਿੱਚ ਸਮਝੌਤਿਆਂ ਦਾ ਆਦਾਨ-ਪ੍ਰਦਾਨ ਕੀਤਾ ਗਿਆ। ਦੋਵੇਂ ਦੇਸ਼ ਵਰਗੀਕ੍ਰਿਤ ਜਾਣਕਾਰੀ ਦੇ ਅਦਾਨ-ਪ੍ਰਦਾਨ ਅਤੇ ਆਪਸੀ ਸੁਰੱਖਿਆ 'ਤੇ ਵੀ ਸਹਿਮਤ ਹੋਏ।

---------------------------------------------------------------

ਭਾਰਤੀ ਚੋਣ ਕਮਿਸ਼ਨ ਦੇ ਹੁਕਮਾਂ ਤਹਿਤ ਆਮਦਨ ਕਰ ਵਿਭਾਗ ਦੇ ਜਾਂਚ ਡਾਇਰੈਕਟੋਰੇਟ ਨੇ ਪੰਜਾਬ ਦੇ ਡੇਰਾ ਬਾਬਾ ਨਾਨਕ, ਚੱਬੇਵਾਲ, ਗਿੱਦੜਬਾਹਾ ਅਤੇ ਬਰਨਾਲਾ ਵਿਧਾਨ ਸਭ ਹਲਕਿਆਂ ਵਿਚ ਹੋਣ ਵਾਲੀਆਂ ਜ਼ਿਮਨੀ ਚੋਣਾਂ ਵਿੱਚ ਕਾਲੇ ਧਨ ਦੀ ਵਰਤੋਂ ਨੂੰ ਰੋਕਣ ਲਈ ਪੁਖ਼ਤਾ ਪ੍ਰਬੰਧ ਕੀਤੇ ਨੇ । ਆਮਦਨ ਕਰ ਵਿਭਾਗ ਦੇ ਇਕ ਬੁਲਾਰੇ ਮੁਤਾਬਿਕ ਇਸ ਸਬੰਧ ਵਿੱਚ ਜਾਣਕਾਰੀ ਤੇ ਸ਼ਿਕਾਇਤਾਂ ਪ੍ਰਾਪਤ ਕਰਨ ਲਈ, ਪੰਜਾਬ ਰਾਜ ਲਈ ਆਮਦਨ ਕਰ ਦਫ਼ਤਰ, ਜਲੰਧਰ ਵਿਖੇ, ਇੱਕ

ਟੋਲ-ਫ੍ਰੀ ਨੰਬਰ (1800-180-2141) ਅਤੇ ਇੱਕ ਵਟਸਐਪ ਨੰਬਰ 75891-66713 ਵਾਲਾ ਇੱਕ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਏ ਜੋ 24 ਘੰਟੇ ਕੰਮ ਕਰੇਗਾ । ਆਮ ਲੋਕ ਇਸ ਨੰਬਰ 'ਤੇ ਕਾਲ ਕਰਨ ਚੋਣ ਪ੍ਰਕਿਰਿਆ ਨੂੰ ਗਲਤ ਢੰਗ ਨਾਲ ਪ੍ਰਭਾਵਿਤ ਕਰਨ ਲਈ ਵਰਤੇ ਜਾਂਦੇ ਨਕਦੀ ਜਾਂ ਹੋਰ ਕੀਮਤੀ ਚੀਜ਼ਾਂ ਨਾਲ ਸਬੰਧਤ ਖਾਸ ਜਾਣਕਾਰੀ ਦੇਣ ਲਈ ਇਹਨਾਂ ਨੰਬਰਾਂ ਤੇ ਕਾਲ ਕਰ ਸਕਦੇ ਨੇ । ਕਾਲ ਕਰਨ ਵਾਲਿਆਂ ਦੀ ਪਛਾਣ ਗੁਪਤ ਰੱਖੀ ਜਾਵੇਗੀ। ਜ਼ਿਲੇ ਵਿੱਚ ਉਪ ਚੋਣ ਸਬੰਧੀ ਸ਼ਿਕਾਇਤਾਂ ਦੇ ਨਿਪਟਾਰੇ ਲਈ ਅਧਿਕਾਰੀਆਂ ਅਤੇ ਇੰਸਪੈਕਟਰਾਂ ਦੀਆਂ ਟੀਮਾਂ ਤਾਇਨਾਤ ਕੀਤੀਆਂ ਗਈਆਂ ਨੇ । ਸੂਚਨਾ ਦੀ ਪ੍ਰਮਾਣਿਕਤਾ ਦੇ ਆਧਾਰ 'ਤੇ ਅਤੇ ਜਾਂਚ ਤੋਂ ਬਾਅਦ ਕਾਨੂੰਨ ਅਨੁਸਾਰ ਢੁਕਵੇਂ ਮਾਮਲਿਆਂ 'ਚ, ਨਕਦੀ ਆਦਿ ਜ਼ਬਤ ਕਰਨ ਦੀ ਕਾਰਵਾਈ ਕੀਤੀ ਜਾਵੇਗੀ। ਇਹ ਟੀਮਾਂ ਜ਼ਿਲ੍ਹਾ ਚੋਣ ਅਫ਼ਸਰ ਦੇ ਜ਼ਿਲ੍ਹਾ ਕੰਟਰੋਲ ਰੂਮ ਦੇ ਨਾਲ-ਨਾਲ ਜ਼ਿਲ੍ਹਾ ਪੱਧਰ 'ਤੇ ਹੋਰ ਏਜੰਸੀਆਂ ਨਾਲ ਨਜ਼ਦੀਕੀ ਤਾਲਮੇਲ ਵਿੱਚ ਕੰਮ ਕਰਨਗੀਆਂ । ਚੋਣ ਪ੍ਰਕਿਰਿਆ ਦੌਰਾਨ ਬੇਹਿਸਾਬ ਨਕਦੀ ਦੇ ਪ੍ਰਬੰਧਨ ਵਿੱਚ ਸੰਭਾਵਿਤ ਤੌਰ 'ਤੇ ਸ਼ਾਮਲ ਵਿਅਕਤੀਆਂ, ਸਥਾਨਾਂ ਅਤੇ ਗਤੀਵਿਧੀਆਂ 'ਤੇ ਸਖ਼ਤ ਨਜ਼ਰ ਰੱਖੀ ਜਾ ਰਹੀ ਏ । ਏਅਰ ਇੰਟੈਲੀਜੈਂਸ ਯੂਨਿਟ, ਪੰਜਾਬ ਦੇ ਸਾਰੇ ਹਵਾਈ ਅੱਡਿਆਂ ਦੇ ਨਾਲ-ਨਾਲ,ਸੂਬੇ ਲਈ ਵਪਾਰਕ ਉਡਾਣਾਂ ਦੀ ਸੇਵਾ ਕਰਨ ਵਾਲੇ

ਹਵਾਈ ਅੱਡਿਆਂ 'ਤੇ ਕਾਰਜਸ਼ੀਲ ਏ । ਇਹ ਯੂਨਿਟ ਹਵਾਈ ਰਾਹੀਂ ਨਕਦੀ ਦੀ ਆਵਾਜਾਈ 'ਤੇ ਸਖਤ  ਨਜ਼ਰ ਰੱਖ ਰਹੇ ਨੇ । ਇਸੇ ਤਰ੍ਹਾਂ ਰੇਲਵੇ ਰਾਹੀਂ ਨਕਦੀ ਦੀ ਆਵਾਜਾਈ 'ਤੇ ਵੀ ਰੇਲਵੇ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਨਿਗਰਾਨੀ ਰੱਖੀ ਜਾ ਰਹੀ ਏ। ਬੈਂਕ ਖਾਤਿਆਂ ਤੋਂ ਇੱਕ ਨਿਸ਼ਚਿਤ ਹੱਦ ਤੋਂ ਵੱਧ ਨਕਦੀ ਕਢਵਾਉਣ ਨਾਲ ਸਬੰਧਤ ਜਾਣਕਾਰੀ ਪ੍ਰਾਪਤ ਕੀਤੀ ਜਾ ਰਹੀ ਏ ਅਤੇ ਸ਼ੱਕੀ ਲੈਣ-ਦੇਣ ਦੀ ਪਛਾਣ ਕਰਨ ਅਤੇ ਉਚਿਤ ਕਾਰਵਾਈ ਕਰਨ ਲਈ ਕਾਰਵਾਈ ਕੀਤੀ ਜਾ ਰਹੀ ਏ।

---------------------------------------------------

ਪੰਜਾਬ ਵਿੱਚ ਹੁਣ 500 ਵਰਗ ਗਜ਼ ਤੱਕ ਦੇ ਪਲਾਟਾਂ ਦੀ ਰਜਿਸਟ੍ਰੇਸ਼ਨ ਲਈ ਐਨ.ਓ.ਸੀ ਦੀ ਲੋੜ ਨਹੀਂ ਏ।  ਕਾਨੂੰਨੀ ਮਸ਼ੀਨਰੀ ਅਤੇ ਸਬੰਧਤ ਅਥਾਰਟੀ ਤੋਂ ਪ੍ਰਵਾਨਗੀ ਲੈਣ ਮਗਰੋਂ  ਇਸ ਸਬੰਧੀ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇਗਾ । ਇਸ ਤੋਂ ਬਾਅਦ ਸੂਬੇ ਦੇ ਲੋਕਾਂ ਨੂੰ ਇਹ ਸਹੂਲਤ ਲੈਣ ਲਈ ਘੱਟੋ-ਘੱਟ ਦੋ ਮਹੀਨੇ ਦਾ ਸਮਾਂ ਦਿੱਤਾ ਜਾਵੇਗਾ। ਇਹ ਜਾਣਕਾਰੀ ਮਾਲ ਤੇ ਮੁੜ ਵਸੇਬਾ, ਭਵਨ ਨਿਰਮਾਣ ਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆ ਨੇ ਅੱਜ ਚੰਡੀਗੜ੍ਹ ਵਿਖੇ ਪ੍ਰੈਸ ਕਾਨਫਰੰਸ ਦੌਰਾਨ ਦਿੱਤੀ । ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਰਜਿਸਟਰੀ ਲਈ ਐਨ.ਓ.ਸੀ. ਦੀ ਲੋੜ ਨੂੰ ਖਤਮ ਕਰ ਦਿੱਤਾ ਗਿਆ ਏ,

ਜਿਸ ਨਾਲ ਸੂਬੇ ਦੇ ਲੋਕਾਂ ਦੀ ਚਿਰੋਕਣੀ ਮੰਗ ਪੂਰੀ ਹੋ ਗਈ ਏ । ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਨੇ N.O.C ਜਾਰੀ ਕਰਕੇ ਇਸ ਦਿਸ਼ਾ 'ਚ ਵੱਡਾ ਫੈਸਲਾ ਲੈਂਦਿਆਂ NOC ਦੀ ਸ਼ਰਤ ਨੂੰ ਹਟਾਉਣ ਲਈ, 3 ਸਤੰਬਰ ਨੂੰ ਪੰਜਾਬ ਵਿਧਾਨ ਸਭਾ ਵਿੱਚ ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ ਸੋਧ ਐਕਟ, 2024 ਪਾਸ ਕੀਤਾ ਗਿਆ ਸੀ, ਜਿਸ ਨੂੰ ਹੁਣ ਰਾਜਪਾਲ ਦੀ ਮਨਜ਼ੂਰੀ ਮਿਲ ਗਈ ਏ। ਮੰਤਰੀ ਨੇ ਦੱਸਿਆ ਕਿ ਇਹ ਫੈਸਲਾ ਗੈਰ-ਕਾਨੂੰਨੀ ਕਲੋਨੀਆਂ 'ਤੇ ਸ਼ਿਕੰਜਾ ਕੱਸੇਗਾ ਅਤੇ ਇਸ ਨਾਲ ਛੋਟੇ ਪਲਾਟ ਮਾਲਕਾਂ ਨੂੰ ਵੀ ਰਾਹਤ ਮਿਲੇਗੀ, ਜਿਨ੍ਹਾਂ ਨੂੰ ਆਪਣੇ ਪਲਾਟਾਂ ਦੀ ਰਜਿਸਟਰੀ ਕਰਵਾਉਣ 'ਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ।

---------------------------------------------------

ਜਸਟਿਸ ਸੰਜੀਵ ਖੰਨਾ ਨੂੰ, ਭਾਰਤ ਦਾ ਅਗਲਾ ਚੀਫ਼ ਜਸਟਿਸ ਨਿਯੁਕਤ ਕੀਤਾ ਗਿਆ ਏ । ਕਾਨੂੰਨ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਇੱਕ ਟਵੀਟ ਵਿੱਚ ਕਿਹਾ ਕਿ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਚੀਫ਼ ਜਸਟਿਸ ਡੀ.ਵਾਈ. ਚੰਦਰਚੂੜ ਨਾਲ ਸਲਾਹ ਮਸ਼ਵਰਾ ਕਰਨ ਤੋਂ ਬਾਅਦ, ਜਸਟਿਸ ਖੰਨਾ ਨੂੰ 11 ਨਵੰਬਰ ਤੋਂ ਭਾਰਤ ਦਾ ਚੀਫ ਜਸਟਿਸ ਨਿਯੁਕਤ ਕੀਤਾ ਏ। ਜਸਟਿਸ ਖੰਨਾ ਇਸ ਸਮੇਂ ਸੁਪਰੀਮ ਕੋਰਟ ਦੇ ਦੂਜੇ

ਸਭ ਤੋਂ ਸੀਨੀਅਰ ਜੱਜ ਨੇ। ਉਹ ਭਾਰਤ ਦੇ 51ਵੇਂ ਚੀਫ਼ ਜਸਟਿਸ ਬਣ ਹੋਣਗੇ। ਜਸਟਿਸ ਖੰਨਾ 13 ਮਈ, 2025 ਨੂੰ ਸੇਵਾਮੁਕਤ ਹੋਣਗੇ।ਮੌਜੂਦਾ ਚੀਫ ਜਸਟਿਸ ਡੀ.ਵਾਈ. ਚੰਦਰਚੂੜ, ਜਿਨ੍ਹਾਂ ਨੇ 9 ਨਵੰਬਰ 2022 ਨੂੰ ਅਹੁਦਾ ਸੰਭਾਲਿਆ ਸੀ, ਇਸ ਸਾਲ 10 ਨਵੰਬਰ ਨੂੰ ਸੇਵਾਮੁਕਤ ਹੋ ਜਾਣਗੇ।

-----------------------------------------------------------

ਪੰਜਾਬ ਭਰ ਵਿੱਚ ਡੇਂਗੂ ਦੇ ਵੱਧ ਰਹੇ ਮਾਮਲਿਆਂ ਨੂੰ ਲੈ ਕੇ ਸਿਹਤ ਵਿਭਾਗ ਸਰਗਰਮ ਹੋ ਗਿਆ ਏ। ਸੂਬੇ ਅੰਦਰ ਡੇਂਗੂ ਵਿਰੋਧੀ ਮੁਹਿੰਮ "ਹਰ ਸ਼ੁਕਰਵਾਰ ਡੇਂਗੂ ਤੇ ਵਾਰ" ਤਹਿਤ ਜਿਲਾ ਫਤਿਹਗੜ੍ਹ ਸਾਹਿਬ ਦੇ ਪਿੰਡ ਬਡਾਲੀ ਆਲਾ ਸਿੰਘ ਵਿਖੇ ਪੰਜਾਬ ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਦੇ ਡਾਇਰੈਕਟਰ ਡਾ. ਹਤਿੰਦਰ ਕੌਰ ਨੇ ਖੁਦ ਲੋਕਾਂ ਦੇ ਘਰ ਘਰ ਜਾ ਕੇ ਨਿਰੀਖਣ ਕੀਤਾ । ਉਨ੍ਹਾਂ ਇਸ ਬਾਰੇ ਜਾਣਕਾਰੀ ਦੀਦਿਆਂ ਕਿਹਾ। Byte:-ਪੇਂਡੂ ਵਿਕਾਸ ਤੇ ਪੰਚਾਇਤੀ ਵਿਭਾਗ ਦੇ ਸਹਿਯੋਗ ਨਾਲ ਲਾਰਵਾ ਮਿਲਣ ਵਾਲੇ ਘਰਾਂ ਦੇ ਮੌਕੇ ਤੇ ਹੀ ਚਲਾਨ ਕੀਤੇ ਗਏ । ਇਸ ਮੌਕੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਕੂਲੀ ਬੱਚਿਆਂ ਨੂੰ ਡੇਂਗੂ ਦੀ ਬਿਮਾਰੀ ਸਬੰਧੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਗਈ ਅਤੇ ਡੇਂਗੂ ਦੇ ਲਾਰਵੇ ਦੀ ਪਹਿਚਾਣ ਕਰਵਾਕੇ ਉਹਨਾਂ ਨੂੰ ਆਪੋ ਆਪਣੇ

ਘਰਾਂ ਤੇ ਪਿੰਡਾਂ ਵਿੱਚ ਡੇਂਗੂ ਦਾ ਲਾਰਵਾ ਲੱਭ ਕੇ ਉਸਨੂੰ ਮੌਕੇ ਤੇ ਹੀ ਨਾਸ਼ਟ ਕਰਨ ਬਾਰੇ ਜਾਗਰੂਕ ਕੀਤਾ ਗਿਆ।

---------------------------------------------------------------

ਪੰਜਾਬ ਸਰਕਾਰ ਵਲੋਂ ਸੂਬਾ ਵਾਸੀਆਂ ਨੂੰ ਸਾਫ ਸੁਥਰਾ ਵਾਤਾਵਰਣ ਮੁਹੱਈਆ ਕਰਵਾਉਣ ਲਈ ੭ ਨਵੰਬਰ ਤੱਕ ਸਵੱਛਤਾ ਦੀ ਲਹਿਰ ਤਹਿਤ ਸਫ਼ਾਈ ਪੰਦਰਵਾੜਾ ਮਨਾਇਆ ਜਾ ਰਿਹਾ ਏ । ਇਸੇ ਤਹਿਤ ਅੱਜ ਫਰੀਦਕੋਟ ਨਗਰ ਕੌਂਸਲ ਵੱਲੋਂ ਸਫਾਈ ਕਰਵਾਈ ਗਈ। ਵਧੀਕ ਡਿਪਟੀ ਕਮਿਸ਼ਨਰ (ਜ) ਓਜਸਵੀ ਨੇ ਦੱਸਿਆ ਕਿ ਸਵੱਛਤਾ ਹੀ ਸੇਵਾ ਮੁਹਿੰਮ ਤਹਿਤ ਨਗਰ ਕੌਂਸਲ ਦੇ ਸਫਾਈ ਕਰਮਚਾਰੀਆਂ ਵੱਲੋਂ ਐਨ.ਜੀ.ਓਜ਼ ਦੇ ਸਹਿਯੋਗ ਨਾਲ ਸ਼ਹਿਰ ਵਿੱਚ ਬਣੇ ਸਾਰੇ ਜਨਤਕ ਪਖਾਨਿਆਂ, ਵੱਖ ਵੱਖ ਇਲਾਕਿਆਂ, ਪਾਰਕਾਂ ਦੀ ਸਫਾਈ ਕੀਤੀ ਗਈ ਅਤੇ ਲੋਕਾਂ ਨੂੰ ਆਪਣਾ ਆਲਾ ਦੁਆਲਾ ਸਾਫ ਰੱਖਣ ਲਈ ਪ੍ਰੇਰਿਤ ਕੀਤਾ ਗਿਆ।

---------------------------------------------------------------

ਪੰਜਾਬ ਸਰਕਾਰ ਵੱਲੋਂ ਝੋਨੇ ਦੀ ਖ਼ਰੀਦ ਨਾ ਹੋਣ ਕਾਰਨ, ਕਿਸਾਨਾਂ ਨੂੰ ਆ ਰਹੀ ਪ੍ਰੇਸ਼ਾਨੀ ਦੇ ਮੱਦੇਨਜ਼ਰ ਅੱਜ ਸੂਬੇ ਦੀਆਂ ਵੱਖ ਵੱਖ ਥਾਵਾਂ ਤੇ ਕਿਸਾਨ ਜਥੇਬੰਦੀਆਂ ਵਲੋਂ ਧਰਨੇ ਦਿਤੇ ਗਏ ।ਮੁਹਾਲੀ ਚ ਸਵੇਰ 11 ਵਜੇ

ਤੋ 3 ਵਜੇ ਤੱਕ ਪਿੰਡ ਭਾਗੋਮਾਜਰਾ ਨੇੜੇ ਫੋਕਲ ਪੁਆਇੰਟ ਵਿਖੇ  ਰੋਸ ਧਰਨਾ ਦਿੱਤਾ ਗਿਆ  ਤੇ   ਸਰਕਾਰ ਖਿਲਾਫ ਨਾਅਰੇਬਾਜ਼ੀ ਕਰਦਿਆਂ ਝੋਨੇ ਦੀ ਖਰੀਦ ਤੇ ਲਿਫਟਿੰਗ ਛੇਤੀ ਯਕੀਨੀ ਬਣਾਉਣ ਦੀ ਮੰਗ ਕੀਤੀ ਗਈ। ਓਧਰ ਫਰੀਦਕੋਟ ਸੰਯੁਕਤ ਕਿਸਾਨ ਮੋਰਚਾ ਵੱਲੋਂ ਸਾਦਿਕ ਚੋਂਕ ਵਿਖੇ  , ਮੋਗਾ  ਤੇ ਪਠਾਨਕੋਟ ਵਿੱਚ ਪਿੰਡ ਬਾਰਠ ਸਾਹਿਬ ਵਿਖੇ ਕਿਸਾਨਾਂ ਵੱਲੋਂ ਪਠਾਨਕੋਟ-ਅੰਮ੍ਰਿਤਸਰ ਸ਼ਾਹ ਰਾਹ ਤੇ   ਜਾਮ ਲਾਇਆ ਗਿਆ  ।

---------------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਅੰਮ੍ਰਿਤਸਰ ਜ਼ਿਲ੍ਹੇ 'ਚ ਹੋਏ ਬਹੁ-ਕਰੋੜੀ ਝੋਨਾ ਘੁਟਾਲੇ ਵਿੱਚ ਲੋੜੀਂਦੇ ਭਗੌੜੇ ਗੁਲਸ਼ਨ ਜੈਨ ਨੂੰ ਗ੍ਰਿਫ਼ਤਾਰ ਕੀਤਾ ਏ । ਦੱਸਣਯੋਗ ਹੈ ਕਿ ਗੁਲਸ਼ਨ ਜੈਨ ਨੂੰ ਅਦਾਲਤ ਨੇ ਸਾਲ 2019 ਵਿੱਚ ਭਗੌੜਾ ਕਰਾਰ ਦਿੱਤਾ ਸੀ। ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ  ਵੀਰੂ ਮੱਲ ਮੁਲਖ ਰਾਜ ਰਾਈਸ ਮਿੱਲ ਦੇ ਡਾਇਰੈਕਟਰਾਂ ਤੇ ਮਾਲਕਾਂ, ਜੋ ਗੁਲਸ਼ਨ ਜੈਨ ਦੇ ਪਰਿਵਾਰਕ ਮੈਂਬਰ ਨੇ  ਸਮੇਤ 10 ਮੁਲਜ਼ਮਾਂ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਸੀ । ਇਸ ਤੋਂ ਇਲਾਵਾ ਸੂਬਾ ਸਰਕਾਰ ਦੀਆਂ ਖਰੀਦ ਏਜੰਸੀਆਂ ਦੁਆਰਾ ਮਿੱਲ ਨੂੰ ਅਲਾਟ ਕੀਤੇ ਗਏ ਲਗਭਗ 33 ਕਰੋੜ  60 ਲਖ ਰੁਪਏ ਦੀ ਕੀਮਤ ਦੇ ਝੋਨੇ ਦੀ ਹੇਰਾਫੇਰੀ ਅਤੇ ਗ਼ਬਨ ਵਿੱਚ ਕਥਿਤ ਸ਼ਮੂਲੀਅਤ ਲਈ ਪੰਜਾਬ ਦੇ ਖੁਰਾਕ, ਸਿਵਲ

ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਦੇ ਅਧਿਕਾਰੀਆਂ 'ਤੇ ਵੀ ਮਾਮਲਾ ਦਰਜ ਕੀਤਾ ਗਿਆ ਸੀ। ਉਨ੍ਹਾਂ  ਦੱਸਿਆ ਕਿ ਮਿੱਲ  ਮਾਲਕਾਂ ਨੇ ਜੰਡਿਆਲਾ ਗੁਰੂ ਸਥਿਤ ਪੰਜਾਬ ਨੈਸ਼ਨਲ ਬੈਂਕ ਨਾਲ ਵੀ ਕਥਿਤ ਤੌਰ 'ਤੇ 200 ਕਰੋੜ ਰੁਪਏ ਦੀ ਧੋਖਾਧੜੀ ਕੀਤੀ ਸੀ । ਇਸ ਮਾਮਲੇ ਦੀ ਜਾਂਚ  ਸਾਲ 2018 ਨੂੰ ਪੰਜਾਬ ਵਿਜੀਲੈਂਸ ਬਿਊਰੋ ਨੂੰ ਸੌਂਪੀ ਗਈ ਸੀ । ਮੌਜੂਦਾ ਸਮੇਂ  ਵਿਸ਼ੇਸ਼ ਜਾਂਚ ਟੀਮ ਵਲੋਂ ਮੋਹਾਲੀ ਵਿੱਚ ਆਰਥਿਕ ਅਪਰਾਧ ਵਿੰਗ  ਦੇ ਵਧੀਕ ਇੰਸਪੈਕਟਰ ਜਨਰਲ  ਦੀ ਨਿਗਰਾਨੀ ਹੇਠ ਅਗਲੇਰੀ ਜਾਂਚ ਜਾਰੀ ਏ । ਜ਼ਿਕਰਯੋਗ ਏ  ਕਿ ਸਮਰੱਥ ਅਦਾਲਤ ਵੱਲੋਂ ਗੁਲਸ਼ਨ ਜੈਨ ਸਮੇਤ ਪੰਜ ਮੁਲਜ਼ਮਾਂ ਨੂੰ ਸਾਲ 2019 ਵਿੱਚ ਭਗੌੜਾ ਕਰਾਰ ਦਿੱਤਾ ਗਿਆ ਸੀ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਗੁਲਸ਼ਨ ਜੈਨ ਨੂੰ ਇਸ ਸਾਲ 30 ਸਿਤੰਬਰ ਜਾਂ ਇਸ ਤੋਂ ਪਹਿਲਾਂ ਸਬੰਧਤ ਅਦਾਲਤ ਵਿੱਚ ਸਮਰਪਣ ਕਰਨ ਦਾ ਹੁਕਮ ਦਿੱਤਾ ਸੀ।

---------------------------------------------------------

ਕੇਂਦਰੀ  ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ ਕੇਂਦਰੀ ਸੰਚਾਰ ਬਿਊਰੋ ਵੱਲੋਂ ਮਾਨਸਾ ਦੇ ਮਾਤਾ ਸੁੰਦਰੀ ਯੂਨੀਵਰਸਿਟੀ ਗਰਲਜ਼ ਕਾਲਜ ਵਿੱਚ ਚਲ ਰਹੀ ਦੋ ਰੋਜ਼ਾ ਚਿੱਤਰ ਪ੍ਰਦਰਸ਼ਨੀ ਅੱਜ ਸਮਾਪਤ ਹੋ ਗਈ । ਇਸ ਜ਼ਿਲਾ

ਪੱਧਰੀ ਪ੍ਰੋਗਰਾਮ ਵਿੱਚ ਮਾਨਸਾ ਦੇ ਐਸ.ਪੀ. ਜਸਕੀਰਤ ਸਿੰਘ ਅਹੀਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕਿਹਾ ਕਿ ਇਸ ਸਾਲ 3 ਨਵੇਂ ਅਪਰਾਧਿਕ ਕਾਨੂੰਨ ਲਾਗੂ ਹੋ ਚੁੱਕੇ ਨੇ, ਜਿਸ ਕਰਕੇ ਹੁਣ ਕੋਈ ਵੀ ਪੀੜ੍ਹਤ ਵਿਅਕਤੀ ਕਿਸੇ ਵੀ ਥਾਣੇ ਵਿੱਚ ਜਾਕੇ ਐਫ.ਆਈ.ਆਰ. ਦਰਜ ਕਰਵਾ ਸਕਦਾ ਏ , ਜਿਸਨੂੰ ਜ਼ੀਰੋ ਐੱਫ.ਆਈ.ਆਰ. ਕਿਹਾ ਜਾਂਦਾ ਏ । ਉਨ੍ਹਾਂ ਕਿਹਾ ਕਿ ਨਵੇਂ ਅਪਰਾਧਿਕ ਕਾਨੂੰਨਾਂ ਨਾਲ ਪੁਲੀਸ ਦੀ ਜਾਂਚ ਵਿੱਚ ਹੋਰ ਪਾਰਦਰਸ਼ਤਾ ਆਈ ਏ । ਉਨ੍ਹਾਂ ਕਾਨੂੰਨਾਂ ਦੇ ਪ੍ਰਬੰਧਾਂ ਬਾਰੇ ਜਾਣਕਾਰੀ ਦਿੱਤੀ ।ਅੰਮ੍ਰਿਤਸਰ ਕੇਂਦਰੀ ਸੰਚਾਰ ਬਿਊਰੋ ਦੇ ਮੁਖੀ ਗੁਰਮੀਤ ਸਿੰਘ ਨੇ ਕਿਹਾ ਕਿ ਇਨ੍ਹਾਂ ਕਾਨੂੰਨਾਂ ਦੇ ਜ਼ਰੀਏ ਆਧੁਨਿਕ ਤਕਨੀਕ ਦਾ ਭਰਪੂਰ ਇਸਤੇਮਾਲ ਅਤੇ ਇਲੈਕਟ੍ਰਾਨਿਕ ਪ੍ਰਮਾਣਾਂ ਨੂੰ ਕਾਨੂੰਨ ਦਾ ਹਿੱਸਾ ਬਣਾਉਣ ਨਾਲ ਮੁਕਦਮੇ ਦੇ ਛੇਤੀ ਨਿਪਟਾਰੇ ਦਾ ਰਸਤਾ ਸੌਖਾ ਹੋਇਆ ਏ । ਉਨ੍ਹਾਂ ਕਿਹਾ ਕਿ ਕੋਈ ਵੀ ਕਾਨੂੰਨ ਜਾਂ ਨੀਤੀ ਉਦੋਂ ਹੀ ਸਫਲ ਹੋ ਸਕਦੀ ਏ, ਜਦੋਂ ਤੱਕ ਲੋਕ ਇਸ ਬਾਰੇ ਜਾਗਰੂਕ ਹੋਣ। ਪ੍ਰਦਰਸ਼ਨੀ ਦਾ ਪਾਕੀਜ਼ਾ ਕਲਾ ਮੰਚ ਵੱਲੋਂ ਨੁੱਕੜ ਨਾਟਕ ਵੀ ਪੇਸ਼ ਕੀਤਾ ਗਿਆ ।

---------------------------------------------------------------

ਫਰੀਦਕੋਟ ਦੇ ਪਿੰਡ ਚਾਹਲ ਵਿਚ ਇਕ ਮੋਟਰਸਾਈਕਲ ਤੇ ਸਕੂਟਰ ਦੀ

ਟੱਕਰ ਹੋਣ ਕਾਰਨ ਇਕ ਵਿਅਕਤੀ ਮੌਤ ਹੋ ਗਈ ਜਦਕਿ  ਇਕ ਦੀ ਹਾਲਤ ਗੰਭੀਰ ਬਣੀ ਹੋਈ ਏ। ਇਹ ਹਾਦਸਾ ਉਸ ਵੇਲੇ ਵਾਪਰਿਆ ਜਦੋਂ  ਸਕੂਟਰ ਸਵਾਰ ਵਿਮਲ ਜੈਨ ਨੂੰ ਪਿੰਡ ਚਹਿਲ ਵਲੋ ਆ ਰਹੇ ਇਕ ਤੇਜ ਰਫਤਾਰ ਮੋਟਰ ਸਾਈਕਲ ਸਵਾਰ ਨੇ ਟੱਕਰ ਮਾਰ ਦਿੱਤੀ ਜਦੋਂ ਕਿ ਕੋਠੇ ਡੋਡ ਦਾ ਰਹਿਣ ਵਾਲਾ ਮੋਟਰ ਸਾਈਕਲ ਸਵਾਰ ਗੰਭੀਰ ਰੂਪ ਵਿਚ ਜਖਮੀ ਹੋ ਗਿਆ। ਉਸਨੂੰ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਦਾਖਲ ਕਰਵਾਇਆ ਗਿਆ ਏ।

---------------------------------------------------

**ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਪ੍ਰਧਾਨ ਮੰਤਰੀ  ਨਰੇਂਦਰ  ਮੋਦੀ ਨੇ ਨਵੀਂ ਦਿੱਲੀ ਵਿੱਚ, 18ਵੀਂ ਏਸ਼ੀਆ ਪੈਸੀਫਿਕ ਕਾਨਫਰੰਸ ਨੂੰ ਸੰਬੋਧਨ ਕੀਤਾ -  ਭਾਰਤ ਅਤੇ ਜਰਮਨੀ ਵਿਚਕਾਰ, ਬਹੁਤ ਸਾਰੇ ਸਮਝੌਤਿਆਂ 'ਤੇ ਹੋਏ ਦਸਤਖਤ।
- ਚੋਣ ਕਮਿਸ਼ਨ ਦੇ ਹੁਕਮਾਂ ਤਹਿਤ ਆਮਦਨ ਕਰ ਵਿਭਾਗ ਦੇ ਜਾਂਚ ਡਾਇਰੈਕਟੋਰੇਟ ਨੇ ਪੰਜਾਬ  ਦੇ ਡੇਰਾ ਬਾਬਾ ਨਾਨਕ, ਚੱਬੇਵਾਲ, ਗਿੱਦੜਬਾਹਾ ਅਤੇ ਬਰਨਾਲਾ ਵਿਧਾਨ ਸਭ ਹਲਕਿਆਂ ਦੀਆਂ

ਜ਼ਿਮਨੀ ਚੋਣਾਂ ਵਿੱਚ ਕਾਲੇ ਧਨ ਦੀ ਵਰਤੋਂ ਨੂੰ ਰੋਕਣ ਲਈ ਪੁਖ਼ਤਾ ਪ੍ਰਬੰਧ ਕੀਤੇ ।

- ਜਸਟਿਸ ਸੰਜੀਵ ਖੰਨਾ ਨੂੰ, ਭਾਰਤ ਦਾ ਅਗਲਾ ਚੀਫ਼ ਜਸਟਿਸ ਨਿਯੁਕਤ ਕੀਤਾ ਗਿਆ ।
- ਪੰਜਾਬ ਵਿਜੀਲੈਂਸ ਬਿਊਰੋ ਨੇ ਅੰਮ੍ਰਿਤਸਰ ਜ਼ਿਲ੍ਹੇ 'ਚ ਹੋਏ ਬਹੁ-ਕਰੋੜੀ ਝੋਨਾ ਘੁਟਾਲੇ ਵਿੱਚ ਭਗੌੜੇ ਗੁਲਸ਼ਨ ਜੈਨ ਨੂੰ ਕੀਤਾ ਗ੍ਰਿਫ਼ਤਾਰ ।